# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 23-05-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਰੇਂਦਰ ਮੋਦੀ ਨੇ ਕਿਹਾ ਕਿ ਵਿਕਸਤ ਭਾਰਤ ਬਣਾਉਣ ਲਈ, ਉੱਤਰ-ਪੂਰਬੀ ਖੇਤਰ ਦਾ ਵਿਕਾਸ ਕਰਨਾ ਮਹੱਤਵਪੂਰਨ ਏ । ਨਵੀਂ ਦਿੱਲੀ ਵਿੱਚ ਰਾਈਜ਼ਿੰਗ ਨੌਰਥ-ਈਸਟ ਨਿਵੇਸ਼ਕ ਸੰਮੇਲਨ ਦਾ ਉਦਘਾਟਨ ਕਰਦੇ ਹੋਏ, ਸ੍ਰੀ ਮੋਦੀ ਨੇ ਨਿਵੇਸ਼ਕਾਂ ਨੂੰ ਉੱਤਰ-ਪੂਰਬੀ ਖੇਤਰ ਦੇ ਵੱਖ-ਵੱਖ ਖੇਤਰਾਂ ਦੀ ਪੜਚੋਲ ਕਰਨ ਦੀ ਅਪੀਲ ਕੀਤੀ । ਉਨ੍ਹਾਂ ਕਿਹਾ ਕਿ ਉੱਤਰ-ਪੂਰਬ, ਊਰਜਾ ਅਤੇ ਸੈਮੀ-ਕੰਡਕਟਰਾਂ ਵਰਗੇ ਖੇਤਰਾਂ ਲਈ ਇੱਕ ਮੁੱਖ ਕੇਂਦਰ ਬਣ ਰਿਹਾ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ, ਦਹਿਸ਼ਤਗਰਦੀ ਅਤੇ ਅਸ਼ਾਂਤੀ ਫੈਲਾਉਣ ਵਾਲੇ ਤੱਤਾਂ ਖ਼ਿਲਾਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਦੀ ਪਾਲਣਾ ਕਰਦੀ ਏ । ਉਨ੍ਹਾਂ ਕਿਹਾ ਕਿ ਪੂਰਬ ਦਾ ਅਰਥ -ਸਸ਼ਕਤੀਕਰਨ, ਕਾਰਵਾਈ, ਮਜ਼ਬੂਤੀ ਅਤੇ ਤਬਦੀਲੀ ਏ ।

---

ਆਮ ਆਦਮੀ ਪਾਰਟੀ ਦੇ ਵਿਧਾਇਕ ਰਮਨ ਅਰੋੜਾ ਨੂੰ ਅੱਜ ਜਲੰਧਰ

ਵਿੱਚ ਰਾਜ ਵਿਜੀਲੈਂਸ ਬਿਊਰੋ ਨੇ ਗ੍ਰਿਫ਼ਤਾਰ ਕਰ ਲਿਆ ਏ । ਸੂਤਰਾਂ ਅਨੁਸਾਰ ਇਹ ਗ੍ਰਿਫ਼ਤਾਰੀ ਕਥਿਤ ਤੌਰ 'ਤੇ ਭ੍ਰਿਸ਼ਟਾਚਾਰ ਦੇ ਇੱਕ ਮਾਮਲੇ ਨਾਲ ਸਬੰਧਤ ਏ । ਰਾਜ ਵਿਜੀਲੈਂਸ ਬਿਊਰੋ ਨੇ ਰਮਨ ਅਰੋੜਾ ਦੀ ਗ੍ਰਿਫ਼ਤਾਰੀ ਤੋਂ ਬਾਅਦ ਉਨ੍ਹਾਂ ਦੇ ਘਰ ਛਾਪਾ ਮਾਰਿਆ। ਅਤੇ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਏ ।

---------------------------------------------------------------------

ਕੇਂਦਰ ਸਰਕਾਰ ਵੱਲੋਂ ਚਲਾਏ ਗਏ ਆਪਰੇਸ਼ਨ ਸਿੰਦੂਰ ਦੀ ਸਫਲਤਾ ਬਾਰੇ ਸ੍ਰੀ ਮੁਕਤਸਰ ਸਾਹਿਬ ਵਿਚ BJP ਦੇ ਨਾਰੀ ਸ਼ਕਤੀ ਵਿੰਗ ਵੱਲੋਂ ਕੱਲ ਸ਼ਹਿਰ ਵਿੱਚ ਤਿਰੰਗਾ ਯਾਤਰਾ ਕੱਢੀ ਗਈ। ਨਾਰੀ ਸ਼ਕਤੀ ਵਿੰਗ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕੀਤਾ ਤੇ ਉਨਾਂ ਭਰੋਸਾ ਪ੍ਰਗਟ ਕੀਤਾ ਕਿ ਭਾਰਤ ਤੇ ਕੋਈ ਵੀ ਦੁਸ਼ਮਣ ਦੇਸ਼, ਕਿਸੇ ਵੀ ਤਰ੍ਹਾਂ ਦਾ ਕੋਈ ਹਮਲਾ ਕਰਨ ਦੀ ਨਾਪਾਕ ਹਰਕਤ ਕਰਨ ਤਾਂ ਦੂਰ ਸੋਚ ਵੀ ਨਹੀਂ ਸਕਦਾ । ਓਧਰ ਭਾਰਤੀ ਜਨਤਾ ਪਾਰਟੀ ਦੇ ਕੌਮੀ ਸਕੱਤਰ ਤਰੁਣ ਚੁੱਘ ਨੇ ਆਪਰੇਸ਼ਨ ਸਿੰਦੂਰ ਦੀ ਸਫਲਤਾ ਬਾਰੇ ਕਿਹਾ IBYTE:

---------------------------------------------------------------------

ਪੰਜਾਬ ਦੀ ਭ੍ਰਿਸ਼ਟਾਚਾਰ ਖ਼ਿਲਾਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਤਹਿਤ, ਫਗਵਾੜਾ ਦੇ ਚਾਰ ਪੁਲਿਸ ਮੁਲਾਜ਼ਮਾਂ ਨੂੰ ਇਕ ਨਸ਼ਾ

ਤਸਕਰ ਨੂੰ ਫਰਾਰ ਹੋਣ ਵਿਚ ਮਦਦ ਕਰਨ ਦੇ ਇਲਜ਼ਾਮ 'ਚ ਗ੍ਰਿਫਤਾਰ ਕਰ ਲਿਆ ਗਿਆ ਏ । ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਜਲੰਧਰ ਦੇ DIG ਨਵੀਨ ਸਿੰਘ ਨੇ ਦਸਿਆ । BYTE:

------------------------------------------------------------------

ਸੀਮਾ ਸੁਰੱਖਿਆ ਬਲ ਨੇ ਫਿਰੋਜ਼ਪੁਰ ਵੱਖ ਵੱਖ ਪਿੰਡਾਂ ਤੋਂ ਇਕ ਵਿਅਕਤੀ ਨੂੰ ਪਿਸਤੌਲ ਸਮੇਤ ਕਾਬੂ ਕੀਤਾ ਅਤੇ 2 ਡਰੋਨ ਵੀ ਬਰਾਮਦ ਕੀਤੇ ਨੇ। BSF ਇੰਟੈਲੀਜੈਂਸ ਵਿੰਗ ਤੋਂ ਮਿਲੀ ਜਾਣਕਾਰੀ ਦੇ ਆਧਾਰ 'ਤੇ, ਜਵਾਨਾਂ ਨੇ ਅੱਜ ਫਿਰੋਜ਼ਪੁਰ ਦੇ ਪਿੰਡ ਗੇਂਦੂ ਕਿਲਚਾ ਤੋਂ ਇਕ ਸ਼ੱਕੀ ਵਿਅਕਤੀ ਨੂੰ ਇੱਕ ਪਿਸਤੌਲ ਅਤੇ 1 ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕੀਤਾ। ਕਾਬੂ ਕੀਤਾ ਵਿਅਕਤੀ ਪਿੰਡ ਹਬੀਬ ਵਾਲਾ ਦਾ ਰਹਿਣ ਵਾਲਾ ਏ, ਇਸਨੂੰ ਹੋਰ ਪੁੱਛਗਿੱਛ ਲਈ ਥਾਣਾ ਮਮਦੋਟ ਦੇ ਹਵਾਲੇ ਕਰ ਦਿੱਤਾ ਗਿਆ ਏ । ਇਸ ਤੋਂ ਪਹਿਲਾਂ, ਬੀ.ਐਸ.ਐਫ ਜਵਾਨਾਂ ਨੇ ਬੀਤੀ ਰਾਤ ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਹਜ਼ਾਰਾ ਸਿੰਘ ਵਾਲਾ ਦੇ ਨਾਲ ਲੱਗਦੇ ਇੱਕ ਸੁੱਕੇ ਨਾਲੇ ਤੋਂ ਇਕ ਡਰੋਨ ਬਰਾਮਦ ਕੀਤਾ । ਅੱਜ ਸਵੇਰੇ ਵਿਚ ਜਵਾਨਾਂ ਵਲੋਂ ਜ਼ਿਲ੍ਹਾ ਫਿਰੋਜ਼ਪੁਰ ਦੇ ਹੀ ਪਿੰਡ ਕਿਲਚੇ ਦੇ ਨਾਲ ਲੱਗਦੇ ਖੇਤ ਚੋਂ ਇਕ ਹੋਰ ਡਰੋਨ ਬਰਾਮਦ ਕੀਤਾ ਗਿਆ ।

------------------------------------------------------------------

ਟਰੰਪ ਪ੍ਰਸ਼ਾਸਨ ਨੇ ਹਾਰਵਰਡ ਯੂਨੀਵਰਸਿਟੀ ਵਿੱਚ ਵਿਦੇਸ਼ੀ

ਵਿਦਿਆਰਥੀਆਂ ਦੇ ਦਾਖਲੇ 'ਤੇ ਪਾਬੰਦੀ ਲਗਾ ਦਿੱਤੀ ਏ । ਅਮਰੀਕਾ ਦੇ ਗ੍ਰਹਿ ਵਿਭਾਗ ਦੀ ਸਕੱਤਰ ਕ੍ਰਿਸਟੀ ਨੋਏਮ ਨੇ ਇਸ ਸਬੰਧ ਵਿੱਚ ਯੂਨੀਵਰਸਿਟੀ ਨੂੰ ਇੱਕ ਪੱਤਰ ਲਿਖਿਆ ਏ । ਉਨ੍ਹਾਂ ਕਿਹਾ ਏ ਕਿ ਹਾਰਵਰਡ ਯੂਨੀਵਰਸਿਟੀ ਵਿੱਚ ਦੂਜੇ ਦੇਸ਼ਾਂ ਦੇ ਵਿਦਿਆਰਥੀਆਂ ਦਾ ਦਾਖਲਾ ਇੱਕ ਵਿਸ਼ੇਸ਼ ਸਹੂਲਤ ਏ ਨਾ ਕਿ ਅਧਿਕਾਰ । ਗ੍ਰਹਿ ਵਿਭਾਗ ਦੀ ਸਕੱਤਰ ਕ੍ਰਿਸਟੀ ਨੋਏਮ ਨੇ ਹਾਰਵਰਡ ਯੂਨੀਵਰਸਿਟੀ ਨੂੰ ਲਿਖੇ ਇੱਕ ਪੱਤਰ ਵਿੱਚ, ਕਿਹਾ ਕਿ ਟਰੰਪ ਪ੍ਰਸ਼ਾਸਨ ਦੇ ਫੈਸਲੇ ਦੇ ਨਤੀਜੇ ਵਜੋਂ, ਮੌਜੂਦਾ ਵਿਦਿਆਰਥੀਆਂ ਨੂੰ ਹੋਰ ਸੰਸਥਾਵਾਂ ਵਿੱਚ ਜਾਣਾ ਪਵੇਗਾ ਜਾਂ ਉਹ ਆਪਣਾ ਕਾਨੂੰਨੀ ਦਰਜਾ ਗੁਆ ਦੇਣਗੇ । ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਪ੍ਰਸ਼ਾਸਨ, ਸਰਕਾਰੀ ਨਿਰਦੇਸ਼ਾਂ ਦੀ ਪਾਲਣਾ ਕਰਨ ਵਿੱਚ ਅਸਫਲ ਰਿਹਾ ਏ । ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਹੋਰ ਯੂਨੀਵਰਸਿਟੀਆਂ ਨੂੰ ਇਹ ਸਪੱਸ਼ਟ ਹੋ ਜਾਣਾ ਚਾਹੀਦਾ ਏ ਕਿ ਟਰੰਪ ਪ੍ਰਸ਼ਾਸਨ ਹਰ ਹਾਲਤ ਵਿੱਚ ਕਾਨੂੰਨ ਲਾਗੂ ਕਰੇਗਾ ਅਤੇ ਵਿਦਿਅਕ ਕੈਂਪਸਾਂ ਵਿੱਚ ਅਮਰੀਕਾ ਜਾਂ ਯਹੂਦੀ ਵਿਰੋਧੀ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ । ਉਨ੍ਹਾਂ ਕਿਹਾ ਕਿ ਜੇਕਰ ਹਾਰਵਰਡ, ਵਿਦੇਸ਼ੀ ਵਿਦਿਆਰਥੀਆਂ ਨੂੰ ਦਾਖਲਾ ਦੇਣਾ ਜਾਰੀ ਰੱਖਣਾ ਚਾਹੁੰਦਾ ਏ , ਤਾਂ ਉਸਨੂੰ 72 ਘੰਟਿਆਂ ਦੇ ਅੰਦਰ ਟਰੰਪ ਪ੍ਰਸ਼ਾਸਨ ਦੇ ਨਿਰਦੇਸ਼ਾਂ ਦੀ ਪਾਲਣਾ ਕਰਨੀ ਪਵੇਗੀ। ਉਨ੍ਹਾਂ ਕਿਹਾ ਕਿ ਹਾਰਵਰਡ ਯੂਨੀਵਰਸਿਟੀ ਆਪਣੇ ਕੈਂਪਸ ਵਿੱਚ ਹਿੰਸਾ ਅਤੇ

ਯਹੂਦੀ ਵਿਰੋਧੀ ਭਾਵਨਾ ਨੂੰ ਉਤਸ਼ਾਹਿਤ ਕਰ ਰਹੀ ਏ ਅਤੇ ਚੀਨ ਦੀ ਕਮਿਊਨਿਸਟ ਪਾਰਟੀ ਨਾਲ ਮਿਲੀਭੁਗਤ ਕਰ ਰਹੀ ਏ । ਦੂਜੇ ਪਾਸੇ, ਹਾਰਵਰਡ ਯੂਨੀਵਰਸਿਟੀ ਨੇ ਕਿਹਾ ਏ ਕਿ ਟਰੰਪ ਸਰਕਾਰ ਦੀ ਇਸ ਕਾਰਵਾਈ ਨਾਲ ਯੂਨੀਵਰਸਿਟੀ ਨੂੰ ਗੰਭੀਰ ਨੁਕਸਾਨ ਹੋ ਸਕਦਾ ਏ । ਯੂਨੀਵਰਸਿਟੀ ਮੁਤਾਬਿਕ , ਹਰ ਸਾਲ 500 ਤੋਂ 800 ਭਾਰਤੀ ਵਿਦਿਆਰਥੀ ਹਾਰਵਰਡ ਵਿੱਚ ਪੜ੍ਹਨ ਲਈ ਆਉਂਦੇ ਨੇ ।